ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਅੰਦਰ ਸਾਰੇ ਧਾਰਮਿਕ ਅਸਥਾਨ ਲੋਕਾਂ ਲਈ ਬੰਦ ਰੱਖਣ ਦੇ ਹੁਕਮ

ਕੋਈ ਵੀ ਧਾਰਮਿਕ ਇਕੱਠ ਕਰਨ ਦੀ ਇਜਾਜ਼ਤ ਨਹੀਂ

ਫਤਹਿਗੜ੍ਹ ਸਾਹਿਬ, 12 ਅਪ੍ਰੈਲ:

ਕੋਰੋਨਾ ਵਾਇਰਸ ਤੋਂ ਬਚਾਅ ਅਤੇ ਇਸ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਵੱਲੋਂ 23 ਮਾਰਚ ਤੋਂ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ ਤੇ ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਜਾਰੀ ਹੁਕਮਾਂ ਮੁਤਾਬਕ ਪੰਜਾਬ ਦੇ ਸਾਰੇ ਧਾਰਮਿਕ ਅਸਥਾਨਾਂ ਨੂੰ ਲੋਕਾਂ ਲਈ ਬੰਦ ਰੱਖਣ ਦੇ ਹੁਕਮ ਦਿੱਤੇ ਹਨ ਅਤੇ ਕੋਈ ਵੀ ਧਾਰਮਿਕ ਇਕੱਠ ਕਰਨ 'ਤੇ ਪਾਬੰਦੀ ਲਗਾਈ ਗਈ ਹੈ।

ਉਕਤ ਹੁਕਮਾਂ ਤਹਿਤ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀ ਹੱਦ ਵਿੱਚ ਪੈਂਦੇ ਸਮੂਹ ਧਾਰਮਿਕ ਅਸਥਾਨਾਂ ਨੂੰ ਅਗਲੇ ਹੁਕਮਾਂ ਤੱਕ ਲੋਕਾਂ ਲਈ ਬੰਦ ਰੱਖਣ ਦੇ ਹੁਕਮ ਦਿੱਤੇ ਹਨ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਕੋਈ ਵੀ ਧਾਰਮਿਕ ਇਕੱਠ ਵੀ ਨਹੀਂ ਹੋਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਹੁਣ ਤੱਕ 82 ਸ਼ੱਕੀ ਮਰੀਜ਼ਾਂ ਵਿੱਚੋਂ 72 ਦੀਆਂ ਰਿਪੋਰਟਾਂ ਆਈਆਂ ਨੈਗੇਟਿਵ

ਕੋਰੋਨਾ ਵਾਇਰਸ ਨਾਲ ਨਿਪਟਣ ਲਈ ਕੀਤੇ ਗਏ ਹਨ ਪੁਖਤਾ ਪ੍ਰਬੰਧ

ਪਾਜ਼ਟਿਵ ਆਈਆਂ 02 ਔਰਤਾਂ ਦੇ ਸੰਪਰਕ ਵਿੱਚ ਆਉਣ ਵਾਲੇ 33 ਲੋਕਾਂ ਵਿਚੋਂ 25 ਦੀਆਂ ਰਿਪਰੋਟਾਂ ਵੀ ਨੈਗੇਟਿਵ

ਫ਼ਤਹਿਗੜ੍ਹ ਸਾਹਿਬ, 12 ਅਪ੍ਰੈਲ

ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾਕਟਰ ਐਨ.ਕੇ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਵਾਇਰਸ ਸਬੰਧੀ ਕੁਲ 82 ਸ਼ੱਕੀ ਮਰੀਜ਼ਾਂ ਦੇ ਸੈਂਪਲ ਲਏ ਗਏ ਹਨ, ਜਿਨ੍ਹਾਂ ਵਿਚੋਂ 72 ਮਰੀਜ਼ਾਂ ਦੀਆਂ ਰਿਪੋਰਟਾਂ ਨੈਗੇਟਿਵ ਆਈਆਂ ਹਨ ਤੇ 08 ਦੀ ਰਿਪੋਰਟ ਆਉਣੀ ਬਾਕੀ ਹਨ, ਜਦ ਕਿ 02 ਔਰਤਾਂ ਦੀਆਂ ਰਿਪੋਰਟਾਂ ਬੀਤੇ ਦਿਨ ਪਾਜ਼ਟਿਵ ਆਈਆਂ ਸਨ। ਉਨ੍ਹਾਂ ਦੱਸਿਆ ਕਿ ਪਾਜ਼ਟਿਵ ਆਈਆਂ ਦੋ ਔਰਤਾਂ ਦੇ ਸੰਪਰਕ ਵਿੱਚ ਆਉਣ ਵਾਲੇ 33 ਲੋਕਾਂ ਦੇ ਸੈਂਪਲ ਲਏ ਗਏ ਸਨ, ਜਿਨ੍ਹਾਂ ਵਿਚੋਂ 25 ਦੀਆਂ ਰਿਪਰੋਟਾਂ ਨੈਗੇਟਿਵ ਆਈਆਂ ਹਨ ਅਤੇ 08 ਦੀ ਰਿਪੋਰਟਾਂ ਆਉਣੀਆਂ ਬਾਕੀਆਂ ਹਨ।

ਜ਼ਿਲ੍ਹੇ ਵਿਚ ਬਾਹਰੋਂ ਆਏ 834  ਵਿਅਕਤੀਆਂ ਨੂੰ ਟਰੇਸ ਕੀਤਾ ਗਿਆ ਹੈ, ਇਨ੍ਹਾਂ ਵਿਚੋਂ 818 ਆਪਣਾ ਇਕਾਂਤਵਾਸ (ਕੁਆਰੰਟੀਨ) ਦਾ ਸਮਾਂ ਪੂਰਾ ਕਰ ਚੁੱਕੇ ਹਨ ਤੇ ਰਹਿੰਦੇ 16 ਵਿਅਕਤੀਆਂ ਨੂੰ ਘਰ ਵਿਚ ਹੀ ਇਕਾਂਤਵਾਸ ਕੀਤਾ ਗਿਆ ਹੈ। ਸਿਵਲ ਸਰਜਨ ਨੇ

ਕਿਹਾ ਕਿ ਦੁਨੀਆਂ ਭਰ ਵਿੱਚ ਕੋਰੋਨਾ ਵਾਇਰਸ ਦੇ ਵਧ ਰਹੇ ਕੇਸਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

ਸਿਵਲ ਸਰਜਨ ਨੇ ਅਪੀਲ ਕਰਦਿਆਂ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਕਿ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਹਨਾਂ ਦੱਸਿਆ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਨਾਲ ਧੋਇਆ ਜਾਵੇ।ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ।ਇਸ ਲਈ ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ। ਖੰਘ,ਬੁਖਾਰ ਜਾਂ ਸਾਹ ਲੈਣ ਵਿੱਚ ਦਿੱਕਤ ਆਉਣ ਦੀ ਸੂਰਤ ਵਿੱਚ, ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ।
ਸਿਵਲ ਸਰਜਨ ਨੇ ਕਿਹਾ ਕਿ ਇਸ ਬਿਮਾਰੀ ਨਾਲ ਨਿਪਟਣ ਲਈ ਜ਼ਿਲ੍ਹੇ ਅੰਦਰ ਪੁਖਤਾ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹੇ ਅਧੀਨ ਪੈਂਦੇ ਹਸਪਤਾਲਾਂ ਵਿੱਚ ਕੋਰੋਨਾ ਦੇ ਸ਼ੱਕੀ ਮਰੀਜ਼ਾਂ ਨੂੰ ਦਾਖਲ ਕਰਨ ਲਈ ਆਈਸੋਲੇਸ਼ਨ ਵਾਰਡ ਬਣਾਏ ਗਏ ਹਨ। ਉਹਨਾਂ ਕਿਹਾ ਕਿ ਘਰ ਵਿੱਚ ਰਹਿ ਕੇ ਹੀ ਇਸ ਬਿਮਾਰੀ ਖਿਲਾਫ ਜੰਗ ਵਿੱਚ ਸਰਕਾਰ ਨੂੰ ਸਹਿਯੋਗ ਦਿੱਤਾ ਜਾਵੇ
।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਰਜਿਸਟਰਡ ਉਸਾਰੀ ਕਿਰਤੀਆਂ ਨੂੰ 03-03 ਹਜ਼ਾਰ ਰੁਪਏ ਦੇਣ ਲਈ ਵਿਧਾਇਕ ਨਾਗਰਾ ਵੱਲੋਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਧੰਨਵਾਦ

ਅਗਲੀ ਕਿਸ਼ਤ ਵੀ ਛੇਤੀ ਜਾਰੀ ਕਰਨ ਦੀ ਮੰਗ

ਹਲਕਾ ਫ਼ਤਹਿਗੜ੍ਹ ਸਾਹਿਬ ਸਮੇਤ ਪੂਰੇ ਜ਼ਿਲ੍ਹੇ ਦੇ 12 ਹਜ਼ਾਰ ਤੋਂ ਵੱਧ ਲਾਭਪਾਤਰੀਆਂ ਨੂੰ ਮਿਲਿਆ ਲਾਭ

ਫ਼ਤਹਿਗੜ੍ਹ ਸਾਹਿਬ, 12 ਅਪ੍ਰੈਲ

ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਰਜਿਸਟਰਡ ਉਸਾਰੀ ਕਿਰਤੀਆਂ ਨੂੰ 03-03 ਹਜ਼ਾਰ ਰੁਪਏ ਜਾਰੀ ਕੀਤੇ ਜਾਣ ਲਈ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਇਨ੍ਹਾਂ ਉਸਾਰੀ ਕਿਰਤੀਆਂ ਲਈ 03-03 ਹਜ਼ਾਰ ਰੁਪਏ ਦੀ ਅਗਲੀ ਕਿਸ਼ਤ ਵੀ ਛੇਤੀ ਜਾਰੀ ਕਰਨ ਦੀ ਮੰਗ ਕੀਤੀ ਹੈ।

ਇਸ ਸਬੰਧੀ ਸ. ਨਾਗਰਾ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਵੀ

ਹਰ ਵਰਗ ਦੇ ਨਾਲ ਖੜ੍ਹੀ ਹੈ ਤੇ ਦਿਨ ਰਾਤ ਇਕ ਕਰ ਕੇ ਇਹੀ ਯਤਨ ਕੀਤੇ ਜਾ ਰਹੇ ਹਨ ਕਿ ਸੂਬੇ ਦੇ ਲੋਕਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਇਨ੍ਹਾਂ ਪੈਸਿਆਂ ਨਾਲ ਉਸਾਰੀ ਕਿਰਤੀਆਂ ਨੂੰ ਇਸ ਔਖੇ ਦੌਰ ਵਿੱਚ ਰਾਹਤ ਮਿਲੇਗੀ।

ਉਨ੍ਹਾਂ ਦੱਸਿਆ ਕਿ ਹਲਕਾ ਫ਼ਤਹਿਗੜ੍ਹ ਸਮੇਤ ਜ਼ਿਲ੍ਹੇ ਦੇ 12 ਹਜ਼ਾਰ ਤੋਂ ਵੱਧ ਲਾਭਪਾਤਰੀਆਂ ਨੂੰ ਇਹ ਲਾਭ ਮਿਲਿਆ ਹੈ ਅਤੇ ਸੂਬੇ ਭਰ ਵਿੱਚ ਇਨ੍ਹਾਂ ਲਾਭਪਾਤਰੀਆਂ ਦੀ ਗਿਣਤੀ 03 ਲੱਖ ਤੋਂ ਵੱਧ ਹੈ।

ਸ. ਨਾਗਰਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖਿਲਾਫ ਜੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇਣ। ਸਰਕਾਰ ਉਨ੍ਹਾਂ ਦੀਆਂ ਸਾਰੀਆਂ ਲੋੜਾਂ ਦੀ ਪੂਰਤੀ ਲਈ ਲਗਾਤਾਰ ਕੰਮ ਕਰ ਰਹੀ ਹੈ।